# ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ ਸਟੇਟ ਪ੍ਰਾਜੈਕਟ ਡਾਇਰੈਕਟਰ
# ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ
ਐਸ.ਸੀ.ਓ 104-106 ਸੈਕਟਰ 34-ਏ, ਚੰਡੀਗੜ੍ਹ

ਸੇਵਾ ਵਿਖੇ,

ਸਮੂਹ ਜ਼ਿਲਾ ਸਿੱਖਿਆ ਅਫਸਰ (ਸੈ:ਸਿ)
ਪੰਜਾਬ।

ਮੀਮੋ ਨੰ: ਐਸ.ਐਸ.ਏ/2012/ਐਡਮਨ/ 74385
ਮਿਤੀ 27/02/2012

ਵਿਸ਼ਾ:- ਸਰਵ ਸਿੱਖਿਆ ਅਭਿਆਨ ਅਧੀਨ ਅਪਗਰੇਡ ਸਕੂਲਾਂ ਤੋਂ ਡੈਪੁਟੇਸ਼ਨ ਨਾ ਕਰਨ ਸੰਬੰਧੀ।

---

ਉਪਰੋਕਤ ਵਿਸ਼ੇ ਤੇ ਇਸ ਦਫਤਰ ਦੇ ਪੱਤਰ ਨੰ: ਐਸ.ਐਸ.ਏ/2011/ਐਡਮਨ/91961 ਮਿਤੀ 21.11.2011 ਦੇ ਹਵਾਲੇ ਵਿੱਚ।

2. ਉਪਰੋਕਤ ਹਵਾਲਾ ਅਧੀਨ ਪੱਤਰ ਰਾਹੀਂ ਆਪ ਨੂੰ ਲਿਖਿਆ ਗਿਆ ਸੀ ਕਿ ਉਨ੍ਹਾਂ ਸਾਰੇ ਅਧਿਆਪਕਾਂ ਦੀਆਂ ਡੈਪੁਟੇਸ਼ਨਾਂ ਤੁਰੰਤ ਰੱਦ ਕੀਤੀਆਂ ਜਾਣ ਜਿਹੜੇ ਸਰਵ ਸਿੱਖਿਆ ਅਭਿਆਨ ਅਧੀਨ ਅਪਗਰੇਡਡ ਸਕੂਲਾਂ ਤੋਂ ਕਿਧਰੇ ਹੋਰ ਪਾਸੇ ਡੈਪੁਟੇਸ਼ਨ ਤੇ ਕੰਮ ਕਰ ਰਹੇ ਹਨ। ਲੇਕਿਨ ਇਸ ਦਫਤਰ ਦੇ ਨੋਟਿਸ ਵਿੱਚ ਆਇਆ ਹੈ ਕਿ ਇਨ੍ਹਾਂ ਹਦਾਇਤਾਂ ਦੀ ਇੰਨਬਿੰਨ ਪਾਲਣਾ ਨਹੀਂ ਕੀਤੀ ਜਾ ਰਹੀ ਅਤੇ ਅਜੇ ਵੀ ਕਈ ਅਜਿਹੇ ਅਧਿਆਪਕਾਂ ਦਾ ਡੈਪੁਟੇਸ਼ਨ ਜਾਰੀ ਹੈ। ਇਸ ਲਈ ਆਪ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਰਵ ਸਿੱਖਿਆ ਅਭਿਆਨ ਅਧੀਨ ਅਪਗਰੇਡ ਸਕੂਲਾਂ ਤੋਂ ਕਿਸੇ ਵੀ ਅਧਿਆਪਕ ਦਾ ਡੈਪੁਟੇਸ਼ਨ ਕਿਸੇ ਹੋਰ ਪਾਸੇ ਨਾ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਸਰਵ ਸਿੱਖਿਆ ਅਭਿਆਨ ਦਾ ਕੋਈ ਵੀ ਸਕੂਲ ਅਧਿਆਪਕਾਂ ਤੋਂ ਵਾਂਝਾ ਨਾ ਰਹੇ ਅਤੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ।

ਸਟੇਟ ਪ੍ਰਾਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ।